# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :16-07-2026**

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜਲੰਧਰ ਛਾਉਣੀ ਸਟੇਸ਼ਨ ਦਾ ਉਦਘਾਟਨ ਕਰਨ ਤੋਂ ਬਾਅਦ ਜਲੰਧਰ ਤੋਂ 20 ਰਾਜਾਂ ਦੇ 74 ਪੁਨਰ ਵਿਕਸਤ ਰੇਲਵੇ ਸਟੇਸ਼ਨਾਂ ਦਾ ਵਰਚੁਅਲ ਉਦਘਾਟਨ ਕਰਨਗੇ। ਇਹ ਸਟੇਸ਼ਨ ਦੁਨੀਆ ਦੇ ਸਭ ਤੋਂ ਵੱਡੇ ਸਟੇਸ਼ਨ ਪੁਨਰ ਵਿਕਾਸ ਪ੍ਰੋਗਰਾਮਾਂ ਵਿੱਚੋਂ ਇੱਕ, ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਦੇ ਤਹਿਤ ਵਿਕਸਤ ਕੀਤੇ ਗਏ ਹਨ, ਤੇ ਸਥਾਨਕ ਸੱਭਿਆਚਾਰ ਅਤੇ ਵਿਰਸੇ ਨਾਲ ਜੁੜੇ ਆਧੁਨਿਕ ਸਹੂਲਤਾਂ ਨਾਲ ਲੈਸ ਨੇ। ਇਹ 'ਵਿਰਾਸਤ ਵੀ, ਵਿਕਾਸ ਵੀ' ਦੀ ਸੋਚ ਨਾਲ ਬਣਾਏ ਗਏ ਹਨ। ਪ੍ਰਧਾਨ ਮੰਤਰੀ ਜਲੰਧਰ ਛਾਉਣੀ ਰੇਲਵੇ ਸਟੇਸ਼ਨ ਤੋਂ ਸੰਤ ਰਵਿਦਾਸ ਐਕਸਪ੍ਰੈਸ ਨੂੰ ਵੀ ਹਰੀ ਝੰਡੀ ਦਿਖਾਉਣਗੇ। ਇਹ ਭਾਰਤ ਦੇ ਦੋ ਸਭ ਤੋਂ ਸਤਿਕਾਰਤ ਧਾਰਮਿਕ ਅਤੇ ਸੱਭਿਆਚਾਰਕ ਕੇਂਦਰ, ਅੰਮ੍ਰਿਤਸਰ ਅਤੇ ਵਾਰਾਣਸੀ ਨੂੰ ਜੋੜਨ ਵਾਲੀ ਪਹਿਲੀ ਸਿੱਧੀ ਏਅਰ ਕੰਡੀਸ਼ਨਡ ਰੇਲਗੱਡੀ ਹੈ। ਵਾਰਾਣਸੀ ਵਿੱਚ ਸੀਰ ਗੋਵਰਧਨਪੁਰ

ਸੰਤ ਰਵਿਦਾਸ ਜੀ ਦਾ ਜਨਮ ਸਥਾਨ ਏ। ਪ੍ਰਧਾਨ ਮੰਤਰੀ ਨੰਗਲ ਡੈਮ-ਤਲਵਾੜਾ-ਮੁਕੇਰੀਆਂ-ਨਵੀਂ ਰੇਲ ਲਾਈਨ ਪ੍ਰੋਜੈਕਟ ਦੇ ਹਿੱਸੇ ਵਜੋਂ ਦੌਲਤਪੁਰ ਚੌਕ-ਕਰਟੋਲੀ ਨਵੀਂ ਰੇਲ ਲਾਈਨ ਦਾ ਉਦਘਾਟਨ ਵੀ ਕਰਨਗੇ ਅਤੇ ਕਰਟੋਲੀ-ਅੰਬਾਲਾ ਰੇਲ ਸੇਵਾ ਨੂੰ ਵੀ ਹਰੀ ਝੰਡੀ ਦਿਖਾਉਣਗੇ, ਜੋ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਵਿਚਕਾਰ ਰੇਲ ਸੰਪਰਕ ਨੂੰ ਮਹੱਤਵਪੂਰਨ ਤੌਰ 'ਤੇ ਮਜ਼ਬੂਤ ਕਰੇਗੀ। ਨਵੀਂ ਰੇਲ ਲਾਈਨ ਸ੍ਰੀ ਆਨੰਦਪੁਰ ਸਾਹਿਬ ਅਤੇ ਮਾਂ ਚਿੰਤਪੂਰਨੀ ਮੰਦਿਰ ਵਰਗੇ ਮਹੱਤਵਪੂਰਨ ਧਾਰਮਿਕ ਸਥਾਨਾਂ ਨੂੰ ਸੰਪਰਕ ਪ੍ਰਦਾਨ ਕਰੇਗੀ, ਜਦੋਂ ਕਿ ਯਾਤਰੀਆਂ ਨੂੰ ਆਵਾਜਾਈ ਦਾ ਤੇਜ਼, ਸੁਰੱਖਿਅਤ ਅਤੇ ਵਧੇਰੇ ਭਰੋਸੇਮੰਦ ਸਾਧਨ ਪ੍ਰਦਾਨ ਕਰਕੇ ਦੂਰ-ਦੁਰਾਡੇ ਖੇਤਰਾਂ ਤੱਕ ਪਹੁੰਚ ਵਧਾਏਗੀ। ਰਾਜ ਵਿੱਚ ਸੜਕੀ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਦੇ ਹੋਏ, ਪ੍ਰਧਾਨ ਮੰਤਰੀ 30 ਕਿਲੋਮੀਟਰ ਤੋਂ ਵੱਧ ਲੰਬੇ ਚਾਰ-ਲੇਨ ਵਾਲੇ ਗ੍ਰੀਨਫੀਲਡ ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸਵੇਅ ਸਮੇਤ ਰਾਸ਼ਟਰੀ ਰਾਜਮਾਰਗ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ ਅਤੇ 25 ਕਿਲੋਮੀਟਰ ਤੋਂ ਵੱਧ ਲੰਬੇ ਛੇ-ਲੇਨ ਵਾਲੇ ਗ੍ਰੀਨਫੀਲਡ ਦੱਖਣੀ ਲੁਧਿਆਣਾ ਬਾਈਪਾਸ ਦਾ ਨੀਂਹ ਪੱਥਰ ਰੱਖਣਗੇ। ਪ੍ਰਧਾਨ ਮੰਤਰੀ ਚੰਡੀਗੜ੍ਹ ਵਿਚ ਸੜਕੀ ਬੁਨਿਆਦੀ ਢਾਂਚੇ ਤੋਂ ਇਲਾਵਾ ਪੀਜੀਆਈ ਅਤੇ ਹੋਰ ਵਿਦਿਆਕ

ਸੰਸਥਾਵਾਂ ਵਿੱਚ 4,700 ਕਰੋੜ ਰੁਪਏ ਤੋਂ ਵੱਧ ਦੇ ਸਿਹਤ ਸੰਭਾਲ ਦੇ ਕਈ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਵੀ ਰੱਖਣਗੇ।

-----------------------------------------------------------

ਜਲੰਧਰ ਦੇ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਅਮਨਿੰਦਰ ਕੌਰ ਨੇ ਪ੍ਰਧਾਨ ਮੰਤਰੀ ਦੇ ਦੌਰੇ ਦੌਰਾਨ ਸੁਰੱਖਿਆ ਦੇ ਮੱਦੇਨਜ਼ਰ ਭਲਕੇ ਜ਼ਿਲ੍ਹਾ ਜਲੰਧਰ ਵਿਖੇ 'ਨੋ ਫਲਾਇੰਗ ਜ਼ੋਨ' ਐਲਾਨਿਆ  ਏ । ਉਨ੍ਹਾਂ ਵਲੋਂ ਜਾਰੀ ਹੁਕਮਾਂ ਮੁਤਾਬਿਕ ਜ਼ਿਲ੍ਹੇ ਦੀ ਹੱਦ ਅੰਦਰ ਕਿਸੇ ਵੀ ਕਿਸਮ ਦਾ ਸਿਵਲ ਰਿਮੋਰਟ/ ਪਾਇਲਟ ਏਅਰ ਕਰਾਫ਼ਟ ਸਿਸਟਮ /ਡਰੋਨ/ ਹੈਲੀਕੋਪਟਰ ਉਡਾਉਣ 'ਤੇ ਪਾਬੰਦੀ ਰਹੇਗੀ। ਇਹ ਹੁਕਮ ਦੁਪਹਿਰ 12 ਵਜੇ ਤੋਂ ਸ਼ਾਮ 8 ਵਜੇ ਤੱਕ ਲਾਗੂ ਰਹਿਣਗੇ। ਓਧਰ, ਮੁਹਾਲੀ ਦੀ ਜ਼ਿਲ੍ਹਾ ਮੈਜਿਸਟਰੇਟ ਕੋਮਲ ਮਿੱਤਲ, ਵੱਲੋਂ ਵੀ ਪ੍ਰਧਾਨ ਮੰਤਰੀ ਦੇ ਚੰਡੀਗੜ੍ਹ ਦੌਰੇ ਦੇ ਮੱਦੇਨਜ਼ਰ ਜ਼ਿਲ੍ਹਾ ਐਸ.ਏ.ਐਸ. ਨਗਰ ਦੇ ਹਵਾਈ ਖੇਤਰ ਨੂੰ  'ਨੋ ਫਲਾਇੰਗ ਜ਼ੋਨ' ਐਲਾਨਿਆ ਏ।

-----------------------------------------------------------

ਭਾਰਤੀ ਚੋਣ ਕਮਿਸ਼ਨ ਵੱਲੋਂ ਪੰਜਾਬ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ ਸਬੰਧੀ ਪਹਿਲਾ ਐਲਾਨੇ ਗਏ ਸ਼ਡਿਊਲ ਵਿੱਚ ਸੋਧ ਕਰਨ ਸਬੰਧੀ ਪੱਤਰ ਜਾਰੀ ਕੀਤਾ ਗਿਆ ਏ। ਮੁੱਖ ਚੋਣ ਅਫਸਰ ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਘਰੋਂ-ਘਰੀਂ ਗਣਨਾ ਫਾਰਮਾਂ ਦੀ ਵੰਡ ਦਾ ਕਾਰਜ

3 ਅਗਸਤ, 2026 ਤੱਕ ਜਾਰੀ ਰਹੇਗਾ। ਇਸੇ ਤਰ੍ਹਾਂ ਵੋਟ ਕੇਂਦਰਾਂ ਨੂੰ ਤਰਕਸੰਗਤ ਕਰਨ ਦਾ ਕੰਮ ਵੀ 3 ਅਗਸਤ, 2026 ਤੱਕ ਕੀਤਾ ਜਾਵੇਗਾ। ਵੋਟਰ ਸੂਚੀਆਂ ਦਾ ਖਰੜਾ 13 ਅਗਸਤ, 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਸਬੰਧੀ ਇਤਰਾਜ਼ ਅਤੇ ਦਾਅਵੇ 13 ਅਗਸਤ ਤੋਂ 12 ਸਤੰਬਰ  ਤੱਕ ਪੇਸ਼ ਕੀਤੇ ਜਾ ਸਕਦੇ ਨੇ।

-----------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਬੀਤੇ ਕੱਲ੍ਹ ਕੋਟਕਪੂਰਾ ਵਿਖੇ ਬੀ.ਐੱਸ.ਐੱਫ. ਦੇ ਸ਼ਹੀਦ ਸਬ ਇੰਸਪੈਕਟਰ ਬਲਬੀਰ ਸਿੰਘ ਦੇ ਅੰਤਿਮ ਸੰਸਕਾਰ ਵਿੱਚ ਸ਼ਿਰਕਤ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਸ੍ਰੀ ਸੰਧਵਾਂ ਨੇ ਕਿਹਾ ਕਿ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਦੇ ਹੋਏ ਆਪਣੀ ਡਿਊਟੀ ਨਿਭਾਉਣ ਵਾਲੇ ਜਵਾਨਾਂ ਦੀ ਕੁਰਬਾਨੀ ਸਦਾ ਯਾਦ ਰੱਖੀ ਜਾਵੇਗੀ। ਸਪੀਕਰ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਸ਼ਹੀਦ ਦੇ ਪਰਿਵਾਰ ਦੇ ਨਾਲ ਖੜ੍ਹੀ ਏ।

-----------------------------------------------------

ਪੰਜਾਬ ਦੇ ਸਾਬਕਾ ਮੰਤਰੀ ਲਾਲਜੀਤ ਭੁੱਲਰ ਦੀ ਜ਼ਮਾਨਤ ਅਰਜ਼ੀ ਖਾਰਜ ਕਰ ਦਿੱਤੀ ਗਈ ਏ। ਉਹ ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ

ਦੇ ਜ਼ਿਲ੍ਹਾ ਮੈਨੇਜਰ ਡਾਕਟਰ ਗਗਨਦੀਪ ਸਿੰਘ ਰੰਧਾਵਾ ਨੂੰ ਖ਼ੁਦਕੁਸ਼ੀ ਲਈ ਉਕਸਾਉਣ ਦੇ ਇਲਜਾਮਾਂ ਹੇਠ ਜੇਲ੍ਹ ਚ ਬੰਦ ਨੇ। 6 ਜੁਲਾਈ ਨੂੰ ਦਾਇਰ ਕੀਤੀ ਗਈ ਜ਼ਮਾਨਤ ਪਟੀਸ਼ਨ ਨੂੰ ਅੰਮ੍ਰਿਤਸਰ ਵਿਖੇ ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਸੰਜੀਵ ਕੁੰਡੀ ਦੀ ਅਦਾਲਤ ਨੇ ਦੋਵਾਂ ਧਿਰਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਰੱਦ ਕਰ ਦਿੱਤਾ ਏ।

---------------------------------------------------

ਸੂਬੇ ਵਿੱਚ ਚੱਲ ਰਹੀ ਮੁਹਿੰਮ 'ਗੈਂਗਸਟਰਾਂ 'ਤੇ ਵਾਰ' ਦੇ 176ਵੇਂ ਦਿਨ ਪੰਜਾਬ ਪੁਲਿਸ ਨੇ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 636 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਏ। 176ਵੇਂ ਦਿਨ ਪੁਲਿਸ ਟੀਮਾਂ ਨੇ 6 ਹਥਿਆਰਾਂ ਸਮੇਤ 440 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 49,270 ਹੋ ਗਈਆਂ। ਇਸ ਤੋਂ ਇਲਾਵਾ 422 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ । ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 20 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਏ।

---------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਵਿਅਕਤੀ ਨੂੰ ਹੈਂਡ ਗ੍ਰਨੇਡ, ਗਲਾਕ ਪਿਸਤੌਲ ਅਤੇ ਚਾਰ ਅਣਚੱਲੇ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਪੰਜਾਬ ਦੇ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ

ਗ੍ਰਿਫ਼ਤਾਰ ਮੁਲਜ਼ਮ ਦੀ ਪਛਾਣ ਰੂਪਨਗਰ ਦੇ ਸੁਮਿਤ ਕੁਮਾਰ ਵਜੋਂ ਹੋਈ ਏ। ਉਹ  ਇਸ ਵੇਲੇ ਅੰਮ੍ਰਿਤਸਰ ਵਿਖੇ ਰਹਿ ਰਿਹਾ ਸੀ। ਹੈਂਡ ਗ੍ਰਨੇਡ ਅਤੇ ਪਿਸਤੌਲ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਉਸ ਦਾ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਏ।

-----------------------------------------------------

ਪੰਜਾਬ ਕਲਾ ਪਰਿਸ਼ਦ ਵੱਲੋਂ ਪਦਮ ਸ੍ਰੀ ਡਾ. ਰਤਨ ਸਿੰਘ ਜੱਗੀ ਮੈਮੋਰੀਅਲ ਚੈਰਿਟੇਬਲ ਫਾਉਂਡੇਸ਼ਨ ਦੇ ਸਹਿਯੋਗ ਨਾਲ ਪਹਿਲਾ ਯਾਦਗਾਰੀ 'ਗੁਰਮਤਿ ਰਤਨ' ਐਵਾਰਡ ਸਰਦਾਰ ਤਰਲੋਚਨ ਸਿੰਘ ਸਾਬਕਾ ਐਮ ਪੀ ਨੂੰ ਦਿੱਤਾ ਜਾਵੇਗਾ ।  ਸਾਬਕਾ ਐਮ ਪੀ ਤਰਲੋਚਨ ਸਿੰਘ ਨੇ ਹਰ ਮੰਚ ਉੱਤੇ ਗੁਰਮਤਿ ਸਿਧਾਂਤ ਲੋਕਾਂ ਤੱਕ ਪਹੁੰਚਾਉਣ ਲਈ ਅਤੇ ਸਾਰੀ ਦੁਨੀਆਂ ਵਿਚ ਗੁਰਮਤਿ ਸਿਧਾਂਤ ਦਾ ਸੁਨੇਹਾ ਪਹੁੰਚਾਉਣ ਲਈ ਉਨ੍ਹਾਂ ਨੇ ਵੱਡੀ ਭੂਮਿਕਾ ਨਿਭਾਈ ਏ।

-----------------------------------------------------